**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**13:10 pm**

**ਮਿਤੀ: 01-05-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਮੁੰਬਈ ਦੇ ਜੀਓ ਵਰਲਡ ਕਨਵੈਨਸ਼ਨ ਸੈਂਟਰ ਵਿਖੇ ਪਹਿਲੇ ਵਿਸ਼ਵ ਆਡੀਓ ਵਿਜ਼ੁਅਲ ਐਂਟਰਟੇਨਮੈਂਟ ਸਮਿਟ (ਵੇਵਜ਼) 2025 ਦਾ ਉਦਘਾਟਨ ਕੀਤਾ। ਇਸ ਮੌਕੇ ਬੋਲਦਿਆਂ, ਸ਼੍ਰੀ ਮੋਦੀ ਨੇ ਕਿਹਾ ਕਿ ਵਿਸ਼ਵ ਆਡੀਓ ਵਿਜ਼ੁਅਲ ਐਂਡ ਐਂਟਰਟੇਨਮੈਂਟ ਸਮਿਟ (ਵੇਵਜ਼) ਇੱਕ acronym ਭਾਵ ਸੰਖੇਪ ਸ਼ਬਦ ਨਹੀਂ ਸਗੋਂ ਇਹ ਸੱਭਿਆਚਾਰ, ਰਚਨਾਤਮਕਤਾ ਅਤੇ ਵਿਸ਼ਵਵਿਆਪੀ ਸੰਪਰਕ ਦੀ ਇੱਕ ਲਹਿਰ ਏ –**BYTE**

ਪ੍ਰਧਾਨ ਮੰਤਰੀ ਨੇ ਕਿਹਾ, ਵੇਵਜ਼ ਵਿਸ਼ਵ ਪਧਰ'ਤੇ ਧਿਆਨ ਖਿੱਚ ਰਿਹਾ ਏ ਕਿਉਂਕਿ 100 ਤੋਂ ਵੱਧ ਦੇਸ਼ਾਂ ਦੇ ਕਲਾਕਾਰ, ਕਾਢਕਾਰ, ਨਿਵੇਸ਼ਕ ਅਤੇ ਨੀਤੀ ਘਾੜੇ ਇੱਕ ਛੱਤ ਹੇਠ

ਇਕੱਠੇ ਹੋਏ ਨੇ.ਓਹਨਾਂ ਇਹ ਵੀ ਕਿਹਾ ਕਿ ਇਹ CREAT IN INDIA , CREAT FOR THE WORLD ਲਈ ਸਹੀ ਸਮਾਂ ਏ

BYTE –

ਵੇਵਜ਼ ਬਾਜ਼ਾਰ ਪਹਿਲਕਦਮੀ ਦੀ ਸ਼ਲਾਘਾ ਕਰਦਿਆਂ, ਉਨ੍ਹਾਂ ਕਿਹਾ ਕਿ ਇਹ ਕਾਢਕਾਰਾਂ ਅਤੇ CREATORS ਨੂੰ ਉਤਸ਼ਾਹਿਤ ਕਰੇਗਾ. ਪ੍ਰਧਾਨ ਮੰਤਰੀ ਮੋਦੀ ਨੇ ਕਿਹਾ, ਵੇਵਜ਼ ਸੰਮੇਲਨ ਇੱਕ ਆਲਮੀ ਮੰਚ 'ਤੇਭਾਰਤ ਦੀਆਂ ਰਚਨਾਤਮਕ ਸ਼ਕਤੀਆਂ ਨੂੰ ਉਜਾਗਰ ਕਰਦਾ ਏ । ਉਨ੍ਹਾਂ ਕਿਹਾ, ਅੱਜ, ਭਾਰਤ ਫਿਲਮ ਨਿਰਮਾਣ, ਡਿਜੀਟਲ ਸਮੱਗਰੀ, ਗੇਮਿੰਗ, ਫੈਸ਼ਨ, ਸੰਗੀਤ ਅਤੇ ਲਾਈਵ ਕੰਸਰਟਾਂ ਲਈ ਇੱਕ ਗਲੋਬਲ ਕੇਂਦਰ ਵਜੋਂ ਉੱਭਰ ਰਿਹਾ ਏ । ਓਹਨਾਂ ਇਹ ਵੀ ਕਿਹਾ ਕਿ ਦੇਸ਼ ਤੀਜੀ ਸਭ ਤੋਂ ਵੱਡੀ ਆਰਥਿਕਤਾ ਬਣਨ ਵੱਲ ਯਤਨਸ਼ੀਲ ਏ, ਅਤੇ ਇਸ ਕੋਲ ਦੁਨੀਆ ਦਾ ਤੀਜਾ ਸਭ ਤੋਂ ਵੱਡਾ ਸਟਾਰਟਅੱਪ ਸਿਲਸਿਲਾ ਏ । ਉਨ੍ਹਾਂ ਕਿਹਾ ਕਿ, ਵਿਕਸਿਤ ਭਾਰਤ ਵੱਲ ਯਾਤਰਾ ਹੁਣੇ ਸ਼ੁਰੂ ਹੋਈ ਏ ।

---------------------------------------------------------------

ਸੂਚਨਾ ਅਤੇ ਪ੍ਰਸਾਰਣ ਮੰਤਰੀ ਅਸ਼ਵਨੀ ਵੈਸ਼ਨਵ ਨੇ ਕਿਹਾ ਏ ਕਿ

ਵੇਵਜ਼ ਸੰਮੇਲਨ ਨਵੇਂ ਆਰਥਿਕ ਮੌਕੇ ਪੈਦਾ ਕਰੇਗਾ। ਅੱਜ ਮੁੰਬਈ ਦੇ ਜੀਓ ਵਰਲਡ ਕਨਵੈਨਸ਼ਨ ਸੈਂਟਰ ਵਿਖੇ ਪਹਿਲੇ ਵਿਸ਼ਵ ਆਡੀਓ ਵਿਜ਼ੁਅਲ ਐਂਟਰਟੇਨਮੈਂਟ ਸੰਮੇਲਨ (ਵੇਵਜ਼) 2025 ਦੇ ਉਦਘਾਟਨੀ ਸੈਸ਼ਨ ਨੂੰ ਸੰਬੋਧਨ ਕਰਦਿਆਂ, ਸ਼੍ਰੀ ਵੈਸ਼ਨਵ ਨੇ ਕਿਹਾ ਕਿ, ਇਹ ਸੰਮੇਲਨ ਰਚਨਾਕਾਰਾਂ ਨੂੰ ਇੱਕ ਆਲਮੀ ਮੰਚ ਪ੍ਰਦਾਨ ਕਰੇਗਾ ਅਤੇ ਉਨ੍ਹਾਂ ਨੂੰ ਨਵੀਂ ਤਕਨਾਲੋਜੀ ਪ੍ਰਦਾਨ ਕਰੇਗਾ. ਮੰਤਰੀ ਨੇ ਕਿਹਾ, ਇਹ ਰਚਨਾਕਾਰਾਂ ਨੂੰ ਦੁਨੀਆ ਭਰ ਦੇ ਖਰੀਦਦਾਰਾਂ ਅਤੇ ਨਿਵੇਸ਼ਕਾਂ ਨਾਲ ਜੋੜੇਗਾ। ਸ਼੍ਰੀ ਵੈਸ਼ਨਵ ਨੇ ਅੱਗੇ ਕਿਹਾ ਕਿ ਮੁੰਬਈ ਵਿੱਚ 400 ਕਰੋੜ ਰੁਪਏ ਦੇ ਫੰਡ ਨਾਲ Indian Institute of Creative Technology ਕਾਇਮ ਕੀਤਾ ਜਾਏਗਾ. ਉਨ੍ਹਾਂ ਕਿਹਾ ਕਿ, ਵੇਵਜ਼ ਅਤੇ ਇੰਡੀਅਨ ਇੰਸਟੀਚਿਊਟ ਆਫ਼ ਕ੍ਰਿਏਟਿਵ ਟੈਕਨਾਲੋਜੀ ਆਲਮੀ ਰਚਨਾਤਮਕ ਸਿਲਸਿਲੇ ਵਿੱਚ ਇੱਕ ਮੁੱਖ ਕੇਂਦਰ ਵਜੋਂ ਮੁੰਬਈ ਦੀ ਭੂਮਿਕਾ ਨੂੰ ਹੋਰ ਮਜ਼ਬੂਤ ਬਣਾਏਗਾ **.-(ਬਾਈਟ - ਅਸ਼ਵਨੀ ਵੈਸ਼ਨਵ)**

---------------------------------------------

ਪੰਜਾਬ ਦੇ ਬਿਜਲੀ ਮੰਤਰੀ ਹਰਭਜਨ ਸਿੰਘ ਈ.ਟੀ.ਓ. ਨੇ ਖਪਤਕਾਰਾਂ ਦੀਆਂ ਸ਼ਿਕਾਇਤਾਂ ਦੇ ਨਿਪਟਾਰੇ ਲਈ ਅਤੇ ਸੇਵਾ ਪ੍ਰਦਾਨ ਕਰਨ ਦੇ ਸਿਲਸਿਲੇ ਨੂੰ ਮਜ਼ਬੂਤ ਕਰਨ ਲਈ ਪੰਜਾਬ ਰਾਜ ਬਿਜਲੀ ਨਿਗਮ ਲਿਮਟਿਡ (ਪੀ.ਐਸ.ਪੀ.ਸੀ.ਐਲ.) ਦੇ ਕਾਲ ਸੈਂਟਰ ਦੇ ਬੁਨਿਆਦੀ ਢਾਂਚੇ ਦੇ ਪਸਾਰ ਦਾ ਐਲਾਨ ਕੀਤਾ ਏ। ਇਸ ਕਦਮ ਦਾ ਉਦੇਸ਼ ਸੂਬੇ ਭਰ 'ਚ ਬਿਜਲੀ ਸ਼ਿਕਾਇਤ ਰਜਿਸਟ੍ਰੇਸ਼ਨ ਪ੍ਰਣਾਲੀ ਦੀ ਕੁਸ਼ਲਤਾ ਅਤੇ ਜਵਾਬਦੇਹੀ ਨੂੰ ਬਿਹਤਰ ਬਣਾਉਣਾ ਏ। ਮੌਜੂਦਾ ਸਮੇਂ ਪੀ.ਐਸ.ਪੀ.ਸੀ.ਐਲ. ਆਪਣੀ ਖਪਤਕਾਰ ਸ਼ਿਕਾਇਤ ਹੈਲਪਲਾਈਨ 1912 ਨੂੰ ਦੋ ਕਾਲ ਸੈਂਟਰਾਂ ਰਾਹੀਂ ਚਲਾਉਂਦਾ ਏ। ਕਾਰਪੋਰੇਸ਼ਨ ਦੇ ਡਾਇਰੈਕਟਰ (ਡਬਲਿਊ.ਟੀ.ਡੀਜ਼) ਨੇ ਕਾਰਜਸ਼ੀਲ ਕਾਲ ਚੈਨਲਾਂ ਦੀ ਗਿਣਤੀ ਨੂੰ 600 ਤੱਕ ਵਧਾਉਣ ਦੀ ਯੋਜਨਾ ਨੂੰ ਮਨਜ਼ੂਰੀ ਦੇ ਦਿੱਤੀ ਏ। ਇਹਨਾਂ ਵਿੱਚੋਂ 210 ਚੈਨਲ ਮੌਜੂਦਾ ਕਾਲ ਸੈਂਟਰਾਂ ਨੂੰ ਅਲਾਟ ਕੀਤੇ ਜਾਣਗੇ, ਜਦੋਂ ਕਿ ਬਾਕੀ ਮੋਹਾਲੀ ਵਿੱਚ ਸਥਾਪਿਤ ਕੀਤੇ ਜਾਣ ਵਾਲੇ ਬਿਲਕੁਲ ਨਵੇਂ ਕਾਲ ਸੈਂਟਰ ਵਿਚ ਹੋਣਗੇ।

---------------------------------------------------

ਆਕਾਸ਼ਵਾਣੀ ਪਟਿਆਲਾ ਅੱਜ ਆਪਣਾ 34ਵਾਂ ਸਥਾਪਨਾ ਦਿਵਸ ਮਨਾ ਰਿਹਾ ਏ। ਪਹਿਲੀ ਮਈ 1992 ਨੂੰ ਅੱਜ ਦੇ ਹੀ ਦਿਨ ਪਹਿਲੀ ਵਾਰ

ਆਕਾਸ਼ਵਾਣੀ ਪਟਿਆਲਾ ਤੋਂ ਪ੍ਰਸਾਰਣ ਹੋਇਆ ਸੀ। ਸ੍ਰੀ ਐਮ.ਐਲ. ਮਨਚੰਦਾ ਆਕਾਸ਼ਵਾਣੀ ਪਟਿਆਲਾ ਦੇ ਪਹਿਲੇ ਸਟੇਸ਼ਨ ਇੰਜੀਨੀਅਰ ਸਨ, ਜਿਹਨਾਂ ਨੇ ਦਹਿਸ਼ਤਗਰਦੀ ਦੇ ਉਸ ਦੌਰ ਦੌਰਾਨ ਆਕਾਸ਼ਵਾਣੀ ਪਟਿਆਲਾ ਦੀ ਵਾਗਡੋਰ ਸੰਭਾਲੀ ਤੇ ਆਪਣੀ ਜ਼ਿੰਦਗੀ ਆਕਾਸ਼ਵਾਣੀ ਤੋਂ ਕੁਰਬਾਨ ਕਰ ਦਿੱਤੀ । ਇਸ ਮੌਕੇ ਗੱਲ ਕਰਦਿਆਂ ਆਕਾਸ਼ਵਾਣੀ ਪਟਿਆਲਾ ਦੇ (DDE) ਇੰਜੀਨੀਅਰਿੰਗ ਵਿਭਾਗ ਦੇ ਮੁਖੀ ਸ੍ਰੀ ਅਮਰ ਨਾਥ, ਪ੍ਰੋਗਰਾਮ ਮੁਖੀ ਸ਼ਹਿਨਾਜ਼ ਜੌਲੀ ਕੌੜਾ, ਪ੍ਰੋਗਰਾਮ ਆਫਿਸਰ ਸ਼ੁਕੀਨ ਮੁਹੰਮਦ ਤੇ ਮਹਿੰਦਰ ਮੋਹਨ ਸ਼ਰਮਾ ਨੇ ਕਿਹਾ ਕਿ ਆਕਾਸ਼ਵਾਣੀ ਪਟਿਆਲਾ ਦੀ ਸਾਰੀ ਟੀਮ ਸਰੋਤਿਆਂ ਤੱਕ ਲਗਾਤਾਰ ਜਾਣਕਾਰੀ ਅਤੇ ਮਨੋਰੰਜਨ ਦੇ ਪ੍ਰੋਗਰਾਮ ਮੁਹਈਆ ਕਰਵਾਉਣ ਲਈ ਵਚਨਬੱਧ ਏ। ਓਹਨਾਂ ਕਿਹਾ ਕਿ ਮਹਿਲਾ ਸ਼ਕਤੀਕਰਨ ਲਈ ਔਰਤਾਂ ਲਈ ਰੋਜ਼ਾਨਾ ਪ੍ਰੋਗਰਾਮ ਨਾਰੀ ਲੋਕ ਪੇਸ਼ ਕੀਤਾ ਜਾਂਦਾ ਏ। ਇਸੇ ਤਰ੍ਹਾਂ ਕਿਸਾਨ ਵੀਰਾਂ ਤੇ ਭੈਣਾਂ ਲਈ ਪ੍ਰੋਗਰਾਮ ਕਿਸਾਨਵਾਣੀ ਪੇਸ਼ ਕੀਤਾ ਜਾਂਦਾ ਏ। ਹਫਤਾਵਾਰੀ ਪ੍ਰੋਗਰਾਮ ਰੇਡੀਓ OPD ਨੂੰ ਵੀ ਸਾਰੇ ਸਰੋਤਿਆਂ ਵੱਲੋਂ ਬਹੁਤ ਪਸੰਦ ਕੀਤਾ ਜਾ ਰਿਹਾ ਏ। ਇਹ ਸਾਰੇ ਸਟਾਫ ਦੀ ਮਿਹਨਤ ਅਤੇ ਆਕਾਸ਼ਵਾਣੀ ਦੇ ਸਰੋਤਿਆਂ ਦੇ ਪਿਆਰ ਦਾ ਨਤੀਜਾ ਹੀ ਏ ਕਿ ਆਕਾਸ਼ਵਾਣੀ ਪੁਆਧੀ ਉਪ ਬੋਲੀ ਵਿੱਚ ਦੋ ਪ੍ਰੋਗਰਾਮ ਪੇਸ਼ ਕਰ ਰਿਹਾ ਏ, ਅਤੇ ਇਸੇ ਤਰ੍ਹਾਂ ਪ੍ਰੋਗਰਾਮ ਮਹਿਕ ਮਾਲਵੇ ਦੀ ਤਹਿਤ ਖੇਤਰੀ

ਕਲਾਕਾਰਾਂ ਨੂੰ ਪ੍ਰਫੁੱਲਿਤ ਕਰਨ ਲਈ ਵੀ ਯਤਨਸ਼ੀਲ ਏ। ਆਕਾਸ਼ਵਾਣੀ ਪਟਿਆਲਾ ਲੋਕਲ ਚੈਨਲ ਹੋਣ ਦੇ ਬਾਵਜੂਦ ਲਾਈਵ ਸਟਰੀਮਿੰਗ ਐਪ ਨਿਊਜ ਓਨ ਏਆਈ ਆਰ ਅਤੇ ਸੋਸ਼ਲ ਮੀਡੀਆ ਜਿਵੇਂ ਯੂ ਟਿਊਬ ਅਤੇ ਫੇਸਬੁੱਕ ਤੇ ਵੀ ਲਾਈਵ streaming ਕਰਦਾ ਏ। ਉਹਨਾਂ ਨੇ ਇਸ ਮੌਕੇ ਅਕਾਸ਼ਵਾਣੀ ਦੇ ਸਾਰੇ ਸਰੋਤਿਆਂ ਨੂੰ ਤਹਿ ਦਿਲੋਂ ਮੁਬਾਰਕਬਾਦ ਦਿੱਤੀ।

---------------------------------------------------------------

ਅੱਜ ਵਿਸ਼ਵ ਮਜ਼ਦੂਰ ਦਿਵਸ ਏ । ਮਜ਼ਦੂਰ ਅੰਦੋਲਨਾਂ ਦੇ ਵੱਖ-ਵੱਖ ਦੇਸ਼ਾਂ ਦੀ ਆਰਥਿਕਤਾ ਵਿਚ ਕਾਮਿਆਂ ਦੇ ਯੋਗਦਾਨ ਨੂੰ ਮਾਣਤਾ ਦੇਣ ਲਈ ਹਰ ਸਾਲ ਪਹਿਲੀ ਮਈ ਨੂੰ ਮਜ਼ਦੂਰ ਦਿਵਸ ਮਨਾਇਆ ਜਾਂਦੈ। ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਵਿਸ਼ਵ ਮਜ਼ਦੂਰ ਦਿਵਸ 'ਤੇ ਦੇਸ਼ ਦੇ ਸਾਰੇ ਮਜ਼ਦੂਰਾਂ ਨੂੰ ਵਧਾਈ ਦਿੱਤੀ ਏ। **ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਸ਼ਾਹ ਨੇ ਕਿਹਾ ਕਿ ਵਿਕਸਤ ਭਾਰਤ ਦੇ ਸੁਪਨੇ ਨੂੰ ਪੂਰਾ ਕਰਨ ਲਈ ਦਿਨ-ਰਾਤ ਮਿਹਨਤ ਕਰਨ ਵਾਲੇ ਮਜ਼ਦੂਰ ਆਪਣੀ ਮਿਹਨਤ ਅਤੇ ਲਗਨ ਨਾਲ ਲੋਕਾਂ ਦੀ ਜ਼ਿੰਦਗੀ ਨੂੰ ਆਸਾਨ ਬਣਾ ਰਹੇ ਨੇ ਅਤੇ ਆਰਥਿਕਤਾ ਨੂੰ ਮਜ਼ਬੂਤ ਕਰ ਰਹੇ ਨੇ।** ਮਜ਼ਦੂਰਾਂ ਨੂੰ ਰਾਸ਼ਟਰ ਨਿਰਮਾਣ ਦੇ ਮਜ਼ਬੂਤ ਥੰਮ੍ਹ ਦੱਸਦਿਆਂ, ਸ਼੍ਰੀ ਸ਼ਾਹ ਨੇ ਭਰੋਸਾ ਦਿੱਤਾ ਕਿ ਸਰਕਾਰ ਮਜ਼ਦੂਰਾਂ ਦੀ ਭਲਾਈ ਅਤੇ ਖੁਸ਼ਹਾਲੀ ਲਈ ਵਚਨਬੱਧ ਏ ।